# ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

## ਨਿਸ਼ਾਨ ਵਾਲੇ ਪ੍ਰਸ਼ਨ

## 23 ਅਕਤੂਬਰ 2026

----

ਕੁੱਲ ਪ੍ਰਸ਼ਨ 20

----

### C.H.C. ਹਸਪਤਾਲ, ਡੇਹਲੋਂ ਦੀਆਂ ਖਾਲ੍ਹੀ ਅਸਾਮੀਆਂ ਭਰਨਾ ਅਤੇ ਗ੍ਰਾਂਟ ਜਾਰੀ ਕਰਨਾ

***2005 ਸ. ਜੀਵਨ ਸਿੰਘ ਸੰਗੋਵਾਲ (ਗਿੱਲ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ C.H.C. ਹਸਪਤਾਲ, ਡੇਹਲੋਂ ਹਲਕਾ ਗਿੱਲ 30 ਬਿਸਤਰਿਆਂ ਦਾ ਪਾਸ ਹੋਇਆ ਸੀ, ਜੋ ਫੰਡ ਦੀ ਕਮੀ ਕਾਰਨ ਪੂਰਾ ਨਹੀ ਹੋ ਸਕਿਆ; ਜੇਕਰ ਹਾਂ ਤਾਂ ਇਸ ਨੂੰ ਪੂਰਾ ਕਰਨ ਲਈ ਵਿਸ਼ੇਸ਼ ਗ੍ਰਾਂਟ ਕਦੋਂ ਜਾਰੀ ਕੀਤੀ ਜਾਵੇਗੀ;

ਅ) ਇਸ ਹਸਪਤਾਲ ਦੀਆਂ ਖਾਲ੍ਹੀ ਅਸਾਮੀਆਂ ਭਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

### ਜਗਰਾਉਂ ਵਿੱਚ ਪੀਣ ਵਾਲੇ ਪਾਣੀ ਦੇ ਦੂਸ਼ਿਤ ਨਮੂਨਿਆਂ ਦੇ ਵੇਰਵੇ

***1909 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜਗਰਾਓਂ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਪੀਣ ਵਾਲੇ ਪਾਣੀ ਦੇ ਦੂਸ਼ਿਤ ਪਾਏ ਗਏ ਨਮੂਨਿਆਂ ਦੀ ਗਿਣਤੀ ਕਿੰਨੀ ਹੈ ਅਤੇ ਦੂਸ਼ਿਤ ਪਾਣੀ ਤੋਂ ਸੁਰੱਖਿਆ ਲਈ ਕੀ ਕਦਮ ਚੁੱਕੇ ਗਏ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

## ਰਾਹੋਂ ਤੋਂ ਮੱਤੇਵਾਲ ਰੋਡ ਦੀ ਮੁਰੰਮਤ ਕਰਨਾ

***2033** ਡਾ. ਨਛੱਤਰ ਪਾਲ (ਨਵਾਂ ਸ਼ਹਿਰ ):

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਰਾਹੋਂ ਤੋਂ ਮੱਤੇਵਾਲ ਰੋਡ (ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਦੀ ਹਾਲਤ ਬਹੁਤ ਜ਼ਿਆਦਾ ਖਰਾਬ ਹੈ; ਜੇਕਰ ਅਜਿਹਾ ਹੈ ਤਾਂ ਇਸ ਸੜਕ ਦੀ ਮੁਰੰਮਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਸਰਕਾਰੀ ਏਜੰਸੀਆਂ/ਪ੍ਰਾਈਵੇਟ ਸਪਲਾਇਰਾਂ ਰਾਹੀਂ ਕਿਸਾਨਾਂ ਨੂੰ ਸਪਲਾਈ ਕੀਤੀ ਡੀ.ਏ.ਪੀ. ਖਾਦ ਦੇ ਵੇਰਵੇ

***2008** ਰਾਣਾ ਇੰਦਰ ਪ੍ਰਤਾਪ ਸਿੰਘ (ਸੁਲਤਾਨਪੁਰ ਲੋਧੀ):

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :-**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਮੌਜੂਦਾ ਸਾਲ ਲਈ ਸਰਕਾਰ ਦੁਆਰਾ ਡੀ.ਏ.ਪੀ. (DAP) ਖਾਦ ਦੀ ਕੁੱਲ ਕਿੰਨੀ ਮੰਗ ਦਾ ਅਨੁਮਾਨ ਲਗਾਇਆ ਗਿਆ ਹੈ ਅਤੇ ਸਰਕਾਰੀ ਏਜੰਸੀਆਂ/ਪ੍ਰਾਈਵੇਟ ਸਪਲਾਇਰਾਂ ਰਾਹੀਂ ਕਿਸਾਨਾਂ ਨੂੰ ਇਸਦੀ ਕਿੰਨੀ ਮਾਤਰਾ ਵਿੱਚ ਸਪਲਾਈ ਕੀਤੀ ਗਈ ਹੈ;

**ਅ)** ਸਰਕਾਰ ਇਸ ਘਾਟ ਨੂੰ ਪੂਰਾ ਕਰਨ ਲਈ ਕੀ ਤਜਵੀਜ਼ ਰੱਖਦੀ ਹੈ;

**ੲ)** ਪਿਛਲੇ 3 ਸਾਲਾਂ ਦੌਰਾਨ ਕੋ-ਆਪਰੇਟਿਵ ਸੁਸਾਇਟੀਆਂ/ਪ੍ਰਾਈਵੇਟ ਖਾਦ ਦੀਆਂ ਦੁਕਾਨਾਂ ਤੋਂ ਕਿਸਾਨਾਂ ਨੂੰ ਯੂਰੀਆ/ਡੀ.ਏ.ਪੀ. ਖਾਦ ਦੇ ਨਾਲ ਨੈਨੋ ਯੂਰੀਆ/ਨੈਨੋ ਡੀ.ਏ.ਪੀ. ਦੀ ਕਿੰਨੀ ਮਾਤਰਾ ਖਰੀਦਣੀ ਪਈ?

----

## ਨਿਊ ਚੰਡੀਗੜ੍ਹ ਵਿੱਚ ਪੈਂਦੇ ਪਿੰਡਾਂ ਵਿੱਚ ਬਰਸਾਤੀ ਪਾਣੀ ਅਤੇ ਸੀਵਰੇਜ ਦੇ ਪਾਣੀ ਦੀ ਨਿਕਾਸੀ ਦਾ ਪੁਖਤਾ ਪ੍ਰਬੰਧ ਕਰਨਾ

***2014** ਸ਼੍ਰੀਮਤੀ ਅਨਮੋਲ ਗਗਨ ਮਾਨ ( ਖਰੜ):

**ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :-**

ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਹਲਕਾ ਖਰੜ ਦੇ ਨਿਊ ਚੰਡੀਗੜ੍ਹ ਵਿੱਚ ਪੈਂਦੇ ਪਿੰਡਾਂ ਵਿੱਚ ਬਰਸਾਤੀ ਪਾਣੀ ਅਤੇ ਸੀਵਰੇਜ ਦੇ ਪਾਣੀ ਦੀ ਨਿਕਾਸੀ ਦਾ ਕੋਈ ਪੁਖਤਾ ਪ੍ਰਬੰਧ ਨਹੀਂ ਹੈ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਨਿਊ ਚੰਡੀਗੜ੍ਹ ਦੇ ਪਿੰਡਾਂ ਵਿੱਚ ਬਰਸਾਤੀ ਪਾਣੀ ਅਤੇ ਸੀਵਰੇਜ ਦੇ ਪਾਣੀ ਦੀ ਨਿਕਾਸੀ ਲਈ ਪੁਖਤਾ ਪ੍ਰਬੰਧ ਕਦੋਂ ਤੱਕ ਕਰ ਦਿੱਤੇ ਜਾਣਗੇ; ਵੇਰਵੇ ਸਹਿਤ ਦੱਸਿਆ ਜਾਵੇ?

----

## ਪ੍ਰਾਈਵੇਟ/ਅਣ-ਅਧਿਕਾਰਿਤ ਕਲੋਨੀਆਂ ਨੂੰ ਜਰੂਰੀ ਸਹੂਲਤਾਂ ਮੁਹੱਈਆ ਕਰਵਾਉਣਾ

***2030 ਸ਼੍ਰੀਮਤੀ ਰਾਜਿੰਦਰ ਪਾਲ ਕੌਰ (ਲੁਧਿਆਣਾ ਦੱਖਣੀ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ** ਕੀ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਰਾਜ ਅੰਦਰ ਸਥਾਪਿਤ ਅਣ-ਅਧਿਕਾਰਿਤ ਕਲੋਨੀਆਂ ਲਈ ਸਰਕਾਰ ਵੱਲੋਂ ਪੀਣ ਵਾਲਾ ਪਾਣੀ, ਸੀਵਰੇਜ, ਬਿਜਲੀ ਆਦਿ ਦੀ ਸਪਲਾਈ ਨਹੀਂ ਦਿੱਤੀ ਜਾਂਦੀ; ਜੇਕਰ ਅਜਿਹਾ ਹੈ ਤਾਂ ਇਹਨਾਂ ਪ੍ਰਾਈਵੇਟ/ਅਣ-ਅਧਿਕਾਰਿਤ ਕਲੋਨੀਆਂ ਨੂੰ ਜਰੂਰੀ ਸਹੂਲਤਾਂ ਮੁਹੱਈਆ ਕਰਵਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਆਰ.ਟੀ.ਏ. ਫਿਰੋਜ਼ਪੁਰ ਵੱਲੋਂ ਰਿਨਿਊ ਕੀਤੇ ਸਰਕਾਰੀ/ਪ੍ਰਾਇਵੇਟ ਬੱਸਾਂ ਦੇ ਪਰਮਿਟਾਂ ਦੇ ਵੇਰਵੇ

***2011 ਸ਼੍ਰੀ ਹਰਦੀਪ ਸਿੰਘ ਡਿੰਪੀ ਢਿੱਲੋਂ (ਗਿੱਦੜਬਾਹਾ):**

**ਵਿੱਤ, ਯੋਜਨਾ, ਪ੍ਰੋਗਰਾਮ ਲਾਗੂ ਕਰਨ, ਆਬਕਾਰੀ ,ਕਰ ਟਰਾਂਸਪੋਰਟ** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਆਰ.ਟੀ.ਏ. ਫਿਰੋਜ਼ਪੁਰ ਕੋਲ ਮਾਰਚ 2026 ਤੋਂ ਹੁਣ ਤੱਕ ਸਰਕਾਰੀ/ਪ੍ਰਾਇਵੇਟ ਬੱਸਾਂ ਦੇ ਕਿੰਨੇ ਪੁਰਾਣੇ ਪਰਮਿਟ ਰਿਨਿਊ ਹੋਣ ਲਈ ਪ੍ਰਾਪਤ ਹੋਏ; ਇਨ੍ਹਾਂ ਵਿੱਚੋਂ ਕਿੰਨੇ ਸਰਕਾਰੀ/ਪ੍ਰਾਇਵੇਟ ਬੱਸਾਂ ਦੇ ਪਰਮਿਟ ਰਿਨਿਊ ਕੀਤੇ ਗਏ ਅਤੇ ਜਿਹੜੇ ਰਿਨਿਊ ਨਹੀਂ ਹੋਏ ਉਹਨਾਂ ਦੇ ਕੀ ਕਾਰਣ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

## ਫਤਿਹਾਬਾਦ ਦੇ ਪ੍ਰਾਇਮਰੀ ਹੈਲਥ ਸੈਂਟਰ ਦੀ ਮੁਰੰਮਤ ਕਰਵਾਉਣਾ

***2006 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਇਹ ਠੀਕ ਹੈ ਕਿ ਹਲਕਾ ਖਡੂਰ ਸਾਹਿਬ ਦੇ ਕਸਬਾ ਫਤਿਹਾਬਾਦ ਵਿਖੇ ਸਥਿਤ ਪ੍ਰਾਇਮਰੀ ਹੈਲਥ ਸੈਂਟਰ, ਜਿਸ ਵਿੱਚ ਆਮ ਆਦਮੀ ਕਲੀਨਿਕ ਵੀ ਚੱਲ ਰਿਹਾ ਹੈ, ਦੇ ਕੁਝ ਕਮਰੇ ਜਰਜਰ ਹੋ ਗਏ ਹਨ ਅਤੇ ਵਰਤੋਂ ਯੋਗ ਨਹੀਂ ਰਹੇ ਅਤੇ ਇਸਦੀ ਇਮਾਰਤ ਦੇ ਆਲੇ-ਦੁਆਲੇ ਪਾਣੀ ਖੜ੍ਹਾ ਰਹਿਣ ਕਾਰਨ ਹਸਪਤਾਲ ਦੀ ਇਮਾਰਤ ਨੂੰ ਨੁਕਸਾਨ ਪਹੁੰਚ ਰਿਹਾ ਹੈ ; ਜੇਕਰ ਅਜਿਹਾ ਹੈ ਤਾਂ ਇਸ ਹਸਪਤਾਲ ਦੀ ਇਮਾਰਤ ਨੂੰ ਸੁਰੱਖਿਅਤ ਕਰਨ, ਪਾਣੀ ਦੇ ਪ੍ਰਭਾਵ ਤੋਂ ਬਚਾਉਣ ਅਤੇ ਲੋੜੀਂਦੀ ਮੁਰੰਮਤ ਕਰਵਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਇਹ ਕੰਮ ਕਦੋਂ ਤੱਕ ਮੁਕੰਮਲ ਕੀਤੇ ਜਾਣ ਦੀ ਸੰਭਾਵਨਾ ਹੈ;

**ਅ)** ਕੀ ਇਹ ਵੀ ਠੀਕ ਹੈ ਕਿ ਪ੍ਰਾਇਮਰੀ ਹੈਲਥ ਸੈਂਟਰ ਦੀ ਮਲਕੀਅਤ ਵਾਲੀ ਜ਼ਮੀਨ 'ਤੇ ਗੈਰ-ਕਾਨੂੰਨੀ ਕਬਜ਼ੇ ਕੀਤੇ ਹੋਏ ਹਨ; ਜੇਕਰ ਅਜਿਹਾ ਹੈ ਤਾਂ ਉਨ੍ਹਾਂ ਕਬਜ਼ਿਆਂ ਨੂੰ ਹਟਾ ਕੇ ਹਸਪਤਾਲ ਦੀ ਜ਼ਮੀਨ ਨੂੰ ਕਬਜ਼ਾ-ਮੁਕਤ ਕਰਵਾਉਣ ਲਈ ਕੀ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਹਲਕਾ ਦਸੂਹਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਵੇਰਵੇ

***2012 ਸ. ਕਰਮਬੀਰ ਸਿੰਘ (ਦਸੂਹਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਦਸੂਹਾ ਦੇ ਸਾਰੇ ਬਲਾਕਾਂ ਵਿੱਚ ਕਿੰਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਨ ; ਕਿੰਨੇ ਸਕੂਲਾਂ ਵਿੱਚ ਪ੍ਰਿੰਸੀਪਲ ਹਨ; ਕਿੰਨੇ ਸਟੇਸ਼ਨ ਖਾਲੀ ਹਨ ਅਤੇ ਕਦੋਂ ਤੱਕ ਇਹ ਖਾਲੀ ਸਟੇਸ਼ਨ ਭਰ ਦਿੱਤੇ ਜਾਣਗੇ; ਵੇਰਵੇ ਸਹਿਤ ਦੱਸਿਆ ਜਾਵੇ ?

----

## ਹਲਕਾ ਬਾਬਾ ਬਕਾਲਾ ਵਿਖੇ ਰਜਬਾਹੇ ਅਤੇ ਸੂਇਆ ਨੂੰ ਪੱਕਾ ਕਰਨਾ

***2041 ਸ. ਦਲਬੀਰ ਸਿੰਘ (ਬਾਬਾ ਬਕਾਲਾ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਇਹ ਠੀਕ ਹੈ ਕਿ ਹਲਕਾ ਬਾਬਾ ਬਕਾਲਾ ਵਿਖੇ ਮਾਧੋ ਪੁਰ ਹੈੱਡ ਤੋਂ ਗਗੜਪਾਣਾ ਰਈਆ- ਨਾਗੋਕੇ ਘਰਾਟ ਹੁੰਦੀ ਹੋਈ ਅੱਗੇ ਪੱਟੀ ਵੱਲ ਨਿਕਲ ਜਾਣ ਵਾਲੀ ਨਹਿਰ ਅਤੇ ਇਸ ਵਿੱਚੋਂ ਨਿਕਲਣ ਵਾਲੇ ਸੈਕੜੇ ਰਜਬਾਹੇ ਅਤੇ ਸੂਇਆਂ ਦੀ ਹਾਲਤ ਖਰਾਬ ਹੋ ਚੁੱਕੀ ਹੈ ਜਿੰਨ੍ਹਾਂ ਨਾਲ ਸਭ ਤੋਂ ਵੱਧ ਸਿੰਚਾਈ ਹੁੰਦੀ ਹੈ; ਜੇਕਰ ਅਜਿਹਾ ਹੈ ਤਾਂ ਇਹਨ੍ਹਾਂ ਨੂੰ ਪੱਕੇ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਪੁਲਾਂ ਦੇ ਨਿਰਮਾਣ ਦੀ ਸਮਾਂ-ਸੀਮਾ ਨਿਰਧਾਰਤ ਕਰਨਾ

***2015 ਸ਼੍ਰੀਮਤੀ ਅਨਮੋਲ ਗਗਨ ਮਾਨ ( ਖਰੜ):**

**ਲੋਕ ਨਿਰਮਾਣ :-**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਹਲਕਾ ਖਰੜ ਦੇ ਕੰਢੀ ਇਲਾਕੇ ਅਧੀਨ ਪਿੰਡ ਟਾਂਡਾ -ਟਾਂਡੀ ਵਿੱਚ ਹਰ ਸਾਲ ਬਰਸਾਤ ਦੌਰਾਨ ਹੜ੍ਹ ਵਰਗੇ ਹਾਲਾਤ ਬਣ ਜਾਂਦੇ ਹਨ ਅਤੇ ਪਟਿਆਲਾ ਕੀ ਰਾਓ ਨਦੀ ਵਿੱਚ ਪਾਣੀ ਦਾ ਬਹਾਅ ਬਹੁਤ ਤੇਜ਼ ਹੋ ਜਾਂਦਾ ਹੈ; ਜਿਸ ਕਾਰਨ ਲੋਕਾਂ ਨੂੰ ਆਵਾਜਾਈ ਵਿੱਚ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ;

ਅ) ਕੀ ਇਹ ਵੀ ਠੀਕ ਹੈ ਕਿ ਸਾਲ 2024 ਵਿੱਚ ਨਵਾਂ ਗਾਉਂ-ਟਾਂਡਾ ਟਾਂਡੀ ਲਿੰਕ ਸੜਕ ਤੇ ਪਟਿਆਲਾ ਕੀ ਰਾਓ ਨਦੀ ਤੇ ਪੰਜ ਪੁਲਾਂ ਨੂੰ ਮਨਜ਼ੂਰੀ ਦਿੱਤੀ ਗਈ ਸੀ, ਜਿਨ੍ਹਾਂ ਵਿੱਚੋਂ ਦੋ ਪੁਲਾਂ ਦਾ ਨਿਰਮਾਣ ਪੂਰਾ ਹੋ ਚੁੱਕਿਆ ਹੈ, ਪਰ ਤਿੰਨ ਪੁਲ ਅਜੇ ਤੱਕ ਸ਼ੁਰੂ ਨਹੀਂ ਹੋ ਸਕੇ, ਕਿਉਂਕਿ ਪ੍ਰਸ਼ਾਸਨ ਵੱਲ ਲੋੜੀਦੀ ਐਨ.ਓ.ਸੀ. (N.O.C.) ਅਜੇ ਤੱਕ ਜਾਰੀ ਨਹੀਂ ਕੀਤੀ ਗਈ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਸਬੰਧਤ ਅਧਿਕਾਰੀਆਂ ਨੂੰ ਸਮਾਂ-ਬੱਧ (Time-bound) ਨਿਰਦੇਸ਼ ਜਾਰੀ ਕਰਕੇ ਪੁਲ ਦੇ ਨਿਰਮਾਣ ਦੀ ਸਮਾਂ-ਸੀਮਾ ਨਿਰਧਾਰਤ ਕਰੇਗੀ ਅਤੇ ਇਸ ਮਾਮਲੇ ਵਿੱਚ ਹੋ ਰਹੀ ਦੇਰੀ ਦੀ ਜ਼ਿੰਮੇਵਾਰੀ ਤੈਅ ਕਰਕੇ ਲੋੜੀਂਦੀ ਕਾਰਵਾਈ ਕਰੇਗੀ; ਵੇਰਵੇ ਸਹਿਤ ਦੱਸਿਆ ਜਾਵੇ ?

----

## ਨਿੱਜੀ ਹਸਪਤਾਲਾਂ ਨੂੰ ਅਲਾਟ ਕੀਤੀ ਜ਼ਮੀਨ ਤੇ ਬਣੇ ਹਸਪਤਾਲਾਂ ਵੱਲੋਂ ਕਮਜ਼ੋਰ ਵਰਗ ਦੇ ਕੁੱਝ ਪ੍ਰਤੀਸ਼ਤ ਮਰੀਜ਼ਾਂ ਨੂੰ ਮੁਫ਼ਤ/ਰਿਆਇਤੀ ਇਲਾਜ ਮੁਹੱਈਆ ਕਰਵਾਉਣ ਦੇ ਵੇਰਵੇ

***2022 ਸ. ਕੁਲਵੰਤ ਸਿੰਘ (ਐਸ.ਏ.ਐਸ. ਨਗਰ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦਸੱਣਗੇ ਕਿ ਕੀ ਇਹ ਠੀਕ ਹੈ ਕਿ ਸਰਕਾਰ ਵੱਲੋਂ ਨਿੱਜੀ ਹਸਪਤਾਲਾਂ ਨੂੰ ਹਸਪਤਾਲ ਸਥਾਪਤ ਕਰਨ ਲਈ ਜ਼ਮੀਨ ਅਲਾਟ ਕਰਨ ਸਮੇਂ ਇਹ ਸ਼ਰਤ ਰੱਖੀ ਜਾਂਦੀ ਹੈ ਕਿ ਉਹ ਕਮਜ਼ੋਰ ਵਰਗ ਦੇ ਕੁੱਝ ਪ੍ਰਤੀਸ਼ਤ ਮਰੀਜ਼ਾਂ ਨੂੰ ਮੁਫ਼ਤ/ਰਿਆਇਤੀ ਇਲਾਜ ਮੁਹੱਈਆ ਕਰਵਾਉਣਗੇ; ਜੇਕਰ ਅਜਿਹਾ ਹੋਵੇ ਤਾਂ ਮੋਹਾਲੀ ਵਿੱਖੇ ਜਿਨ੍ਹਾਂ ਹਸਪਤਾਲਾਂ ਨੂੰ ਗਮਾਡਾ ਵੱਲੋਂ ਜ਼ਮੀਨ ਅਲਾਟ ਕੀਤੀ ਗਈ ਹੈ, ਉਨ੍ਹਾਂ ਵਿੱਚੋਂ ਕਿਹੜੇ-ਕਿਹੜੇ ਹਸਪਤਾਲ ਵੱਲੋਂ ਆਪਣੇ ਹੋਂਦ ਵਿੱਚ ਆਉਣ ਤੋਂ ਲੈ ਕੇ ਹੁਣ ਤੱਕ ਪ੍ਰਤੀ ਸਾਲ ਕਿੰਨੇ ਮਰੀਜ਼ਾਂ ਨੂੰ ਮੁਫ਼ਤ/ਰਿਆਇਤੀ ਇਲਾਜ ਮੁਹੱਈਆ ਕਰਵਾਇਆ ਗਿਆ ਹੈ; ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ?

----

## ਆਦਮਪੁਰ ਸ਼ਹਿਰ ਵਿਖੇ ਖੇਡ ਸਟੇਡੀਅਮ ਦੀ ਉਸਾਰੀ ਲਈ ਜਾਰੀ ਕੀਤੇ ਫੰਡਾਂ ਦੇ ਵੇਰਵੇ

***1903 ਸ. ਸੁਖਵਿੰਦਰ ਸਿੰਘ ਕੋਟਲੀ ( ਆਦਮਪੁਰ):**

**ਮੁੱਖ ਮੰਤਰੀ :-**

ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਆਦਮਪੁਰ ਸ਼ਹਿਰ ਅੰਦਰ ਖੇਡ ਸਟੇਡੀਅਮ ਬਣਾਉਣ ਲਈ ਸਰਕਾਰ ਦੁਆਰਾ ਕਿੰਨੀ ਰਕਮ ਜਾਰੀ ਕੀਤੀ ਗਈ ਹੈ, ਕਿੰਨੀ ਉਸਾਰੀ ਹੋਈ ਹੈ ਅਤੇ ਕਿੰਨੀ ਹੋਣੀ ਬਾਕੀ ਹੈ;

ਅ) ਜੇਕਰ ਪਿਛਲੇ ਚਾਰ ਸਾਲਾਂ ਦੌਰਾਨ ਜਾਰੀ ਕੀਤੀ ਗਈ ਰਕਮ ਅਨੁਸਾਰ ਸਟੇਡੀਅਮ ਦੀ ਉਸਾਰੀ ਮੁਕੰਮਲ ਨਹੀ ਹੋਈ ਤਾਂ ਉਸ ਦੇ ਕੀ ਕਾਰਨ ਹਨ ;

ੲ) ਕੀ ਉਸਾਰੀ ਮੁਕੰਮਲ ਨਾ ਹੋਣ ਤੇ ਸਬੰਧਤ ਅਧਿਕਾਰੀਆਂ ਤੇ ਕੋਈ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਪਿੰਡ ਲੱਖਾ ਤੋਂ ਮਾਣੂੰਕੇ ਤੱਕ ਸੜਕ ਦੀ ਰੀਕਾਰਪੈੱਟਿੰਗ ਕਰਨਾ

***2027 ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿੰਡ ਲੱਖਾ ਤੋਂ ਮਾਣੂੰਕੇ ਤੱਕ ਸੜਕ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸ ਦੀ ਰੀਕਾਰਪੈੱਟਿੰਗ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਹਲਕਾ ਅੰਮ੍ਰਿਤਸਰ ਦੇ ਹਾਲ ਬਾਜ਼ਾਰ, ਕੈਰੋ ਮਾਰਕੀਟ ਵਿੱਚ ਬਹੁ-ਮੰਜਿਲਾ ਆਧੁਨਿਕ ਪਾਰਕਿੰਗ ਸਟੈਂਡ ਦੀ ਉਸਾਰੀ ਮੁਕੰਮਲ ਕਰਨਾ

***2046 ਸ੍ਰੀ ਅਜੈ ਗੁਪਤਾ (ਅੰਮ੍ਰਿਤਸਰ ਕੇਂਦਰੀ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਕੇਂਦਰੀ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੇ ਹਾਲ ਬਾਜ਼ਾਰ, ਕੈਰੋ ਮਾਰਕੀਟ ਵਿੱਚ ਬਹੁ-ਮੰਜਿਲਾ ਆਧੁਨਿਕ ਪਾਰਕਿੰਗ ਸਟੈਂਡ ਦੀ ਉਸਾਰੀ ਜੋ ਕਿ ਅਪ੍ਰੈਲ 2023 ਵਿੱਚ ਸ਼ੁਰੂ ਹੋਈ ਸੀ; ਇੰਨੇ ਲੰਬੇ ਸਮੇਂ ਬਾਅਦ ਵੀ ਇਸ ਪਾਰਕਿੰਗ ਸਟੈਂਡ ਦੀ ਉਸਾਰੀ ਦਾ ਕੰਮ ਪੂਰਾ ਨਹੀਂ ਹੋਇਆ ਹੈ; ਜੇਕਰ ਅਜਿਹਾ ਹੈ ਤਾਂ ਇਸ ਦੇ ਕੀ ਕਾਰਨ ਹਨ;ਵੇਰਵੇ ਸਹਿਤ ਦੱਸਿਆ ਜਾਵੇ?

----

## ਖ਼ਤਰਨਾਕ ਬਿਜਲੀ ਲਾਈਨਾਂ ਨੂੰ ਰਿਹਾਇਸ਼ੀ ਇਲਾਕੇ ਤੋਂ ਦੂਰ ਸ਼ਿਫਟ ਕਰਨਾ

***2007 ਸ. ਬਲਵਿੰਦਰ ਸਿੰਘ ਧਾਲੀਵਾਲ (ਫਗਵਾੜਾ):**

**ਗੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ** ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਫਗਵਾੜਾ ਹਲਕੇ ਦੇ ਮੁਹੱਲਾ ਰਤਨਪੁਰਾ ਦੇ ਰਿਹਾਇਸ਼ੀ ਇਲਾਕੇ (ਜਿਸ ਦੀ ਆਬਾਦੀ ਲਗਭਗ 2,500—3,000 ਹੈ) ਦੇ ਬਿਲਕੁਲ ਉੱਪਰੋਂ ਹਾਈ-ਵੋਲਟੇਜ ਓਵਰਹੈੱਡ ਬਿਜਲੀ ਟ੍ਰਾਂਸਮਿਸ਼ਨ ਲਾਈਨਾਂ ਲੰਘ ਰਹੀਆਂ ਹਨ ਅਤੇ ਇਨ੍ਹਾਂ ਤਾਰਾਂ ਕਾਰਨ ਪਿਛਲੇ ਸਮੇਂ ਵਿੱਚ 2 ਤੋਂ 3 ਜਾਨਲੇਵਾ ਹਾਦਸੇ ਵਾਪਰ ਚੁੱਕੇ ਹਨ ਅਤੇ ਮਨੁੱਖੀ ਜਾਨ-ਮਾਲ ਲਈ ਅਜੇ ਵੀ ਗੰਭੀਰ ਖ਼ਤਰਾ ਬਣਿਆ ਹੋਇਆ ਹੈ; ਜੇਕਰ ਅਜਿਹਾ ਹੋਵੇ ਤਾਂ ਇਨ੍ਹਾਂ ਖ਼ਤਰਨਾਕ ਬਿਜਲੀ ਲਾਈਨਾਂ ਨੂੰ ਰਿਹਾਇਸ਼ੀ ਇਲਾਕੇ ਤੋਂ ਦੂਰ ਸ਼ਿਫਟ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਵੇਰਵੇ ਸਹਿਤ ਦੱਸਿਆ ਜਾਵੇ ?

----

## ਸਕੂਲ ਆਫ ਐਮੀਨੈਂਸ, ਦੋਰਾਹਾ ਵਿਖੇ ਅਧਿਆਪਕਾਂ ਦੀਆਂ ਮਨਜ਼ੂਰਸ਼ੁਦਾ ਅਸਾਮੀਆਂ ਦੇ ਵੇਰਵੇ

***1926 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਸਕੂਲ ਆਫ ਐਮੀਨੈਂਸ, ਦੋਰਾਹਾ (ਹਲਕਾ ਪਾਇਲ) ਵਿਖੇ ਅਧਿਆਪਕਾਂ ਦੀਆਂ ਮਨਜ਼ੂਰਸ਼ੁਦਾ ਕੁੱਲ ਕਿੰਨੀਆਂ ਅਸਾਮੀਆਂ ਹਨ, ਉਨ੍ਹਾਂ ਵਿੱਚੋਂ ਇਸ ਸਮੇਂ ਕਿੰਨੀਆਂ ਅਸਾਮੀਆਂ ਭਰੀਆਂ ਹੋਈਆਂ ਹਨ ਅਤੇ ਕਿੰਨੀਆਂ ਖਾਲ੍ਹੀ ਪਈਆਂ ਹਨ; ਵਿਸ਼ਾ-ਵਾਰ ਵੇਰਵੇ ਸਹਿਤ ਦੱਸਿਆ ਜਾਵੇ;

**ਅ)** ਸਕੂਲ ਆਫ ਐਮੀਨੈਂਸ, ਦੋਰਾਹਾ ਵਿਖੇ ਖਾਲੀ ਪਈਆਂ ਅਧਿਆਪਕਾਂ ਦੀਆਂ ਅਸਾਮੀਆਂ ਨੂੰ ਭਰਨ ਲਈ ਸਰਕਾਰ ਵੱਲੋਂ ਹੁਣ ਤੱਕ ਕੀ ਕਾਰਵਾਈ ਕੀਤੀ ਗਈ ਹੈ ਅਤੇ ਖਾਲੀ ਅਸਾਮੀਆਂ ਕਦੋਂ ਤੱਕ ਭਰ ਦਿੱਤੀਆ ਜਾਣਗੀਆਂ; ਵੇਰਵੇ ਸਹਿਤ ਦੱਸਿਆ ਜਾਵੇ?

----

## ਸਰਕਾਰੀ ਮੈਡੀਕਲ ਕਾਲਜਾਂ ਅਤੇ ਹਸਪਤਾਲਾਂ ਦੇ ਕਰਮਚਾਰੀਆਂ ਦੀ ਬਦਲੀ ਨੀਤੀ ਵਿੱਚ ਵਿਸ਼ੇਸ਼ ਛੋਟ ਦੇਣ ਸਬੰਧੀ

*2017 **ਸ. ਗੁਰਦਿੱਤ ਸਿੰਘ (ਫਰੀਦਕੋਟ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ, ਪਟਿਆਲਾ ਅਤੇ ਅੰਮ੍ਰਿਤਸਰ ਵਿਖੇ ਸੇਵਾ ਨਿਭਾ ਰਹੇ ਕਰਮਚਾਰੀਆਂ ਦੀਆਂ ਆਪਸੀ (Mutual) ਅਤੇ ਪ੍ਰਸ਼ਾਸਨਿਕ ਲੋੜ ਅਨੁਸਾਰ ਬਦਲੀਆਂ ਕਰਨ ਲਈ ਕੋਈ ਇਕਸਾਰ ਨੀਤੀ ਲਾਗੂ ਕੀਤੀ ਗਈ ਹੈ; ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ;

ਅ) ਕੀ ਸਰਕਾਰ ਉਪਰੋਕਤ ਤਿੰਨਾਂ ਸਰਕਾਰੀ ਮੈਡੀਕਲ ਕਾਲਜਾਂ ਅਤੇ ਹਸਪਤਾਲਾਂ ਦੇ ਕਰਮਚਾਰੀਆਂ ਨੂੰ ਪਰਿਵਾਰਕ ਮਜਬੂਰੀਆਂ, ਸਿਹਤ ਸਮੱਸਿਆਵਾਂ ਅਤੇ ਹੋਰ ਜਾਇਜ਼ ਮਨੁੱਖੀ ਆਧਾਰਾਂ ਦੇ ਮੱਦੇਨਜ਼ਰ ਆਪਸੀ ਜਾਂ ਪ੍ਰਸ਼ਾਸਨਿਕ ਬਦਲੀ ਕਰਵਾਉਣ ਲਈ ਵਿਸ਼ੇਸ਼ ਛੋਟ (Special Relaxation) ਦੇਣ ਦਾ ਵਿਚਾਰ ਰੱਖਦੀ ਹੈ;

ੲ) ਕੀ ਸਰਕਾਰ ਮਹਿਲਾ ਕਰਮਚਾਰੀਆਂ ਦੀਆਂ ਪਰਿਵਾਰਕ ਜ਼ਿੰਮੇਵਾਰੀਆਂ ਅਤੇ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਦੀ ਘਰ ਤੋਂ ਲਗਭਗ 40 ਕਿਲੋਮੀਟਰ ਦੇ ਘੇਰੇ ਅੰਦਰ ਤਾਇਨਾਤੀ ਸਬੰਧੀ ਨੀਤੀ ਦਾ ਲਾਭ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਅਧੀਨ ਕੰਮ ਕਰ ਰਹੀਆਂ ਮਹਿਲਾ ਕਰਮਚਾਰੀਆਂ ਨੂੰ ਵੀ ਦੇਣ ਲਈ ਬਦਲੀ ਨੀਤੀ ਵਿੱਚ ਲੋੜੀਂਦੀ ਸੋਧ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਅਜਿਹਾ ਹੈ ਤਾਂ ਇਸ ਸਬੰਧੀ ਨੀਤੀ ਵਿੱਚ ਸੋਧ ਕਰਨ ਅਤੇ ਲੋੜੀਂਦੇ ਹੁਕਮ ਜਾਰੀ ਕਰਨ ਦੀ ਸਮਾਂ-ਸੀਮਾ ਕੀ ਹੈ; ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ?

----

## ਪ੍ਰਭਾਵਿਤ ਕਿਸਾਨਾਂ ਨੂੰ ਖੇਤੀ ਜਾਰੀ ਰੱਖਣ ਲਈ ਵਿੱਤੀ ਸਹਾਇਤਾ ਦੇਣਾ

*2003 **ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜੰਮੂ ਕਟੜਾ ਨੈਸ਼ਨਲ ਹਾਈਵੇ ਦੇ ਨਿਰਮਾਣ ਕਾਰਨ ਪੰਜਾਬ ਦੇ ਕਈ ਕਿਸਾਨਾਂ ਦੀ ਖੇਤੀ ਯੋਗ ਜ਼ਮੀਨ ਦੋ ਹਿੱਸਿਆਂ ਵਿੱਚ ਵੰਡੀ ਗਈ ਸੀ, ਜਿਸ ਕਾਰਨ ਉਨ੍ਹਾਂ ਦਾ ਖੇਤੀ ਕਰਨਾ ਮੁਸ਼ਕਲ ਹੋ ਗਿਆ ਹੈ; ਜੇਕਰ ਅਜਿਹਾ ਹੈ ਤਾਂ ਕੀ ਪ੍ਰਭਾਵਿਤ ਕਿਸਾਨਾਂ ਨੂੰ ਖੇਤੀ ਜਾਰੀ ਰੱਖਣ ਲਈ ਕੋਈ ਵਿੱਤੀ, ਤਕਨੀਕੀ ਜਾਂ ਹੋਰ ਸਹਾਇਤਾ ਦਿੱਤੀ ਜਾ ਰਹੀ ਹੈ; ਜੇਕਰ ਨਹੀਂ ਤਾਂ ਕੀ ਸਰਕਾਰ ਅਜਿਹੀ ਕੋਈ ਯੋਜਨਾ ਲਿਆਉਣ ਬਾਰੇ ਵਿਚਾਰ ਕਰ ਰਹੀ ਹੈ; ਜ਼ਿਲ੍ਹਾ-ਵਾਰ ਅਤੇ ਪਿੰਡ-ਵਾਰ ਵੇਰਵੇ ਸਹਿਤ ਦੱਸਿਆ ਜਾਵੇ ?

----

## ਹਲਕਾ ਦਸੂਹਾ ਦੇ ਪਿੰਡਾਂ ਵਿੱਚ ਨਵੇਂ ਆਮ ਆਦਮੀ ਕਲੀਨਿਕ ਖੋਲ੍ਹਣਾ

***2013 ਸ. ਕਰਮਬੀਰ ਸਿੰਘ (ਦਸੂਹਾ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਦਸੂਹਾ ਦੇ ਪਿੰਡ ਸਵਾਰ, ਬਹਿ ਰੰਗਾ, ਅਮਰੋਹ, ਭੰਬੋਤਾੜ, ਟੇਹਕਿਆਨਾ, ਬੁਧੋਬਹਕਤ, ਧਰਮਪੁਰ ਦੇ ਵਿੱਚ ਨਵੇਂ ਆਮ ਆਦਮੀ ਕਲੀਨਿਕ ਖੋਲ੍ਹਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ?

----

**ਚੰਡੀਗੜ੍ਹ - 160001.** **ਰਾਮ ਲੋਕ ਖਟਾਣਾ,**

**22 ਅਕਤੂਬਰ 2026.** **ਸਕੱਤਰ**